# ਮੀਜ਼ਲਜ਼,ਮੰਮਪਸ,ਰੁਬੈਲਾ ਅਤੇ ਵੈਰੀਸੇਲਾ (ਐਮ ਐਮ ਆਰ ਵੀ) ਵੈਕਸੀਨ
# Measles, Mumps, Rubella and Varicella (MMRV) Vaccine

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।
ਸਾਰੇ ਵੈਕਸੀਨ ਸਮੇਂ ਸਿਰ ਦਿਵਾਓ।**

ਸਮੇਂ ਸਿਰ ਵੈਕਸੀਨੇਸ਼ਨ ਕਰਵਾ ਕੇ ਤੁਹਾਡੇ ਬੱਚੇ ਦਾ ਜ਼ਿੰਦਗੀ-ਭਰ ਲਈ ਕਈ ਬਿਮਾਰੀਆਂ ਤੋਂ ਬਚਾਅ ਹੋ ਜਾਂਦਾ ਹੈ।

ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

## ਐਮ ਐਮ ਆਰ ਵੀ ਵੈਕਸੀਨ ਕੀ ਹੈ?

ਐਮ ਐਮ ਆਰ ਵੀ ਵੈਕਸੀਨ ਇਹਨਾਂ ਤੋਂ ਬਚਾਉਂਦੀ ਹੈ

- ਖਸਰਾ (ਮੀਜ਼ਲਜ਼)
- ਕੰਨ ਪੇੜੇ (ਮੰਮਪਸ)
- ਰੁਬੈਲਾ (ਜਰਮਨ ਖਸਰਾ)
- ਵੈਰੀਸੈਲਾ (ਚਿਕਨਪੌਕਸ)

ਇਸ ਵੈਕਸੀਨ ਦੇ ਵਿੱਚ ਖਸਰਾ (ਮੀਜ਼ਲਜ਼), ਕੰਨ ਪੇੜੇ (ਮੰਮਪਸ), ਰੁਬੈਲਾ (ਜਰਮਨ ਖਸਰਾ) ਅਤੇ ਵੈਰੀਸੈਲਾ- ਜ਼ੋਸਟਰ ਵਾਇਰਸਾਂ ਦੇ ਕਮਜ਼ੋਰ ਰੂਪ ਹੁੰਦੇ ਹਨ।

ਐਮ ਐਮ ਆਰ ਵੀ ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ ਅਤੇ ਤੁਹਾਡੇ ਬੱਚੇ ਦੇ ਬੀਮਾਰੀਆਂ ਤੋਂ ਬਚਾਉਣ ਲਈ ਨੇਮਕ ਟੀਕਾਕਰਣ ਦੇ ਹਿੱਸੇ ਵਜੋਂ ਮੁਫਤ ਦਿੱਤੀ ਜਾਂਦੀ ਹੈ।ਮਿਲਣ ਦਾ ਸਮਾਂ ਤੈਅ ਕਰਨ ਲਈ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਫੋਨ ਕਰੋ।

## ਵੈਕਸੀਨ ਕਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ?

ਐਮ ਐਮ ਆਰ ਵੀ ਵੈਕਸੀਨ 4 ਸਾਲ ਦੀ ਉਮਰ ਤੋਂ ਸ਼ੁਰੂ ਹੋਕੇ ਕਿੰਡਰਗਾਰਟਨ ਦੀ ਉਮਰ ਤੱਕ ਦੇ ਬੱਚਿਆਂ ਨੂੰ 1 ਖੁਰਾਕ ਦੇ ਤੌਰ 'ਤੇ ਦਿੱਤੀ ਜਾਂਦੀ ਹੈ।ਇਹਨਾਂ ਵਿੱਚੋਂ ਜ਼ਿਆਦਾਤਰ ਬੱਚਿਆਂ ਨੂੰ ਉਨ੍ਹਾਂ ਦੇ ਪਹਿਲੇ ਜਨਮ ਦਿਨ 'ਤੇ ਜਾਂ ਉਸ ਤੋਂ ਬਾਅਦ ਐਮ ਐਮ ਆਰ ਅਤੇ ਵੈਰੀਸੈਲਾ ਵੈਕਸੀਨ ਦੀ 1 ਖੁਰਾਕ ਮਿਲੀ ਹੋਵੇਗੀ। ਐਮ ਐਮ ਆਰ ਵੀ ਵੈਕਸੀਨ ਦੀ ਖੁਰਾਕ ਤੁਹਾਡੇ ਬੱਚੇ ਨੂੰ ਖਸਰਾ, ਕੰਨ ਪੇੜੇ, ਰੁਬੈਲਾ ਅਤੇ ਵੈਰੀਸੈਲਾ ਦੇ ਵਿਰੁੱਧ ਵਧੇਰੇ ਸੁਰੱਖਿਆ ਪ੍ਰਦਾਨ ਕਰਦੀ ਹੈ।4 ਤੋਂ 12 ਸਾਲ ਦੀ ਉਮਰ ਦੇ ਬੱਚੇ ਜਿਨ੍ਹਾਂ ਦਾ ਇਹਨਾਂ ਬਿਮਾਰੀਆਂ ਦੇ ਵਿਰੁੱਧ ਟੀਕਾਕਰਨ ਨਹੀਂ ਕੀਤਾ ਗਿਆ ਹੈ ਉਹਨਾਂ ਨੂੰ ਵੀ 2 ਖੁਰਾਕਾਂ ਦੀ ਲੜੀ ਵਜੋਂ ਐਮ ਐਮ ਆਰ ਵੀ ਵੈਕਸੀਨ ਮਿਲ ਸਕਦੀ ਹੈ।

## ਵੈਕਸੀਨ ਲਗਵਾਉਣ ਦੇ ਕੀ ਲਾਭ ਹਨ?

ਵੈਕਸੀਨ ਖਸਰਾ, ਕੰਨ ਪੇੜੇ, ਰੁਬੈਲਾ ਅਤੇ ਵੈਰੀਸੈਲਾ ਤੋਂ ਬਚਾਉਣ ਦਾ ਸਭ ਤੋਂ ਵਧੀਆ ਤਰੀਕਾ ਹੈ ਜੋ ਕਿ ਗੰਭੀਰ ਅਤੇ ਕਈ ਵਾਰ ਘਾਤਕ ਬਿਮਾਰੀਆਂ ਹਨ। ਜਦੋਂ ਤੁਸੀਂ ਆਪਣੇ ਬੱਚੇ ਦਾ ਟੀਕਾਕਰਨ ਕਰਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ।ਵੈਕਸੀਨ ਲਗਵਾਉਣਾ ਖਸਰਾ (ਮੀਜ਼ਲਜ਼), ਕੰਨ ਪੇੜੇ (ਮੰਮਪਸ), ਰੁਬੈਲਾ (ਜਰਮਨ ਖਸਰਾ) ਅਤੇ ਵੈਰੀਸੈਲਾ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।

ਐਮ ਐਮ ਆਰ ਵੀ ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਟੀਕਾ ਲੱਗਣ ਵਾਲੇ ਸਥਾਨ 'ਤੇ ਦਰਦ, ਲਾਲੀ ਅਤੇ ਸੋਜ ਸ਼ਾਮਲ ਹੋ ਸਕਦੀ ਹੈ। ਵੈਕਸੀਨ ਤੋਂ ਲਗਭਗ 1 ਤੋਂ 2 ਹਫ਼ਤਿਆਂ ਬਾਅਦ ਹਲਕਾ ਬੁਖਾਰ, ਗੱਲ੍ਹਾਂ ਜਾਂ ਗਰਦਨ ਵਿੱਚ ਸੋਜ, ਅਤੇ ਇੱਕ ਧੱਫੜ ਜੋ ਖਸਰਾ, ਰੁਬੈਲਾ ਜਾਂ ਚਿਕਨਪੌਕਸ ਵਰਗਾ ਦਿਖਾਈ ਦਿੰਦਾ ਹੈ, ਹੋ ਸਕਦਾ ਹੈ। ਬਹੁਤ ਵਿਰਲੇ ਹੀ, ਇੱਕ ਵਿਅਕਤੀ ਜੋ ਟੀਕਾਕਰਨ ਤੋਂ ਬਾਅਦ ਚਿਕਨਪੌਕਸ ਵਰਗੀ ਧੱਫੜ ਵਿਕਸਤ ਕਰਦਾ ਹੈ, ਵੈਕਸੀਨ ਤੋਂ ਵਾਇਰਸ ਫੈਲਾ ਸਕਦਾ ਹੈ।ਇਸਨੂੰ ਦੂਜਿਆਂ ਵਿੱਚ ਫੈਲਣ ਤੋਂ ਰੋਕਣ ਲਈ, ਧੱਫੜ ਨੂੰ ਉਦੋਂ ਤੱਕ ਢੱਕੋ ਜਦੋਂ ਤੱਕ ਛਾਲੇ ਸੁੱਕ ਨਾ ਜਾਣ ਅਤੇ ਛਾਲੇ ਨਾ ਹੋ ਜਾਣ।

ਵਧੇਰੇ ਗੰਭੀਰ ਪ੍ਰਤੀਕ੍ਰਿਆਵਾਂ ਵਿੱਚ ਖ਼ੂਨ ਦੇ ਸੈੱਲਾਂ ਵਿੱਚ ਅਸਥਾਈ ਗਿਰਾਵਟ, ਜੋ ਖ਼ੂਨ ਨਿਕਲਣ ਤੋਂ ਰੋਕਣ ਵਿੱਚ ਮਦਦ ਕਰਦੀ ਹੈ (30,000 ਵਿੱਚ ਲਗਭਗ 1 ਬੱਚਾ) ਅਤੇ ਇਨਸੇਫਲਾਈਟਿਸ, ਦਿਮਾਗ ਦੀ ਸੋਜ (1 ਮਿਲੀਅਨ ਵਿੱਚ ਲਗਭਗ 1 ਬੱਚਾ) ਸ਼ਾਮਲ ਹੋ ਸਕਦੀ ਹੈ। ਖਸਰੇ ਤੋਂ ਇਨਸੇਫਲਾਈਟਿਸ ਹੋਣ ਦੀ ਸੰਭਾਵਨਾ, ਲਗਭਗ 1,000 ਵਿੱਚੋਂ 1, ਵੈਕਸੀਨ ਤੋਂ ਬਹੁਤ ਜ਼ਿਆਦਾ ਹੈ। ਐਮ ਐਮ ਆਰ ਵੀ ਵੈਕਸੀਨ ਤੋਂ ਬਾਅਦ ਗੰਭੀਰ ਪ੍ਰਤੀਕ੍ਰਿਆਵਾਂ ਦੇ ਜੋਖਮ ਸਥਾਪਤ ਨਹੀਂ ਕੀਤੇ ਗਏ ਹਨ। ਉਹ ਉੱਪਰ ਸੂਚੀਬੱਧ ਐਮ ਐਮ ਆਰ ਵੈਕਸੀਨ ਜੋਖਮਾਂ ਦੇ ਸਮਾਨ ਹੋ ਸਕਦੇ ਹਨ।

ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਉਪ੍ਰੋਫੇਨ (ibuprofen*) (ਉਦਾਹਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ।ਏਐਸਏ (ASA) (ਉਦਾਹਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ੍ਹ HealthLinkBC File #84 ਰੇਏ ਸਿੰਨਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲਿਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ। ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ।ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੂਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ

ਤੱਕ ਟਰਾਂਸਫਰ।ਜੇ ਅਜਿਹੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ ਜੇਕਰ ਤੁਹਾਡੇ ਬੱਚੇ ਨੂੰ:

- ਖਸਰਾ, ਕੰਨ ਪੇੜੇ, ਰੁਬੈਲਾ ਜਾਂ ਵੈਰੀਸੈਲਾ ਵੈਕਸੀਨ ਦੀ ਪਿਛਲੀ ਖੁਰਾਕ, ਜਾਂ ਨਿਓਮਾਈਸਿਨ ਅਤੇ ਜੈਲੇਟਿਨ ਸਮੇਤ ਐਮ ਐਮ ਆਰ ਵੀ ਵੈਕਸੀਨ ਦੇ ਕਿਸੇ ਵੀ ਹਿੱਸੇ ਲਈ ਜਾਨਲੇਵਾ ਪ੍ਰਤੀਕ੍ਰਿਆ ਹੋਈ ਸੀ
- ਬਿਮਾਰੀ ਜਾਂ ਡਾਕਟਰੀ ਇਲਾਜ ਦੁਆਰਾ ਇਮਿਊਨ ਸਿਸਟਮ ਕਮਜ਼ੋਰ ਹੋ ਗਿਆ ਹੈ
- ਪਿਛਲੇ 12 ਮਹੀਨਿਆਂ ਵਿੱਚ ਖ਼ੂਨ ਜਾਂ ਹੋਰ ਖ਼ੂਨ ਦੇ ਉਤਪਾਦ ਚੜ੍ਹਾਏ ਗਏ ਸਨ
- ਕਿਸੇ ਹੋਰ ਕਾਰਨ ਦੀ ਪਛਾਣ ਕੀਤੇ ਬਿਨਾਂ ਐਮ ਐਮ ਆਰ ਜਾਂ ਐਮ ਐਮ ਆਰ ਵੀ ਵੈਕਸੀਨ ਦੀ ਪਿਛਲੀ ਖੁਰਾਕ ਲੈਣ ਤੋਂ ਬਾਅਦ, ਪਲੇਟਲੈਟਸ ਵਿੱਚ ਕਮੀ ਆਈ, ਖ਼ੂਨ ਦੇ ਸੈੱਲ ਜੋ ਖ਼ੂਨ ਵਗਣ ਤੋਂ ਰੋਕਣ ਵਿੱਚ ਮਦਦ ਕਰਦੇ ਹਨ
- ਸਰਗਰਮ ਬਿਨਾਂ ਇਲਾਜ ਦੇ ਤਪਦਿਕ ਹੈ
- ਗਰਭਵਤੀ ਹੈ ਜਾਂ ਗਰਭਵਤੀ ਹੋਣ ਦੀ ਯੋਜਨਾ ਬਣਾ ਰਹੀ ਹੈ। ਔਰਤਾਂ ਨੂੰ ਵੈਕਸੀਨ ਲੈਣ ਤੋਂ ਬਾਅਦ 1 ਮਹੀਨੇ ਤੱਕ ਗਰਭਵਤੀ ਹੋਣ ਤੋਂ ਬਚਣਾ ਚਾਹੀਦਾ ਹੈ

ਜ਼ੁਕਾਮ ਜਾਂ ਹੋਰ ਹਲਕੀ ਬਿਮਾਰੀ ਦੇ ਕਾਰਨ ਟੀਕਾਕਰਨ ਵਿੱਚ ਦੇਰੀ ਕਰਨ ਦੀ ਕੋਈ ਲੋੜ ਨਹੀਂ ਹੈ। ਪਰ, ਜੇਕਰ ਤੁਹਾਨੂੰ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਖਸਰਾ (ਮੀਜ਼ਲਜ਼), ਕੰਨ ਪੇੜੇ (ਮੰਮਪਸ), ਰੁਬੈਲਾ (ਜਰਮਨ ਖਸਰਾ) ਅਤੇ ਵੈਰੀਸੇਲਾ ਕੀ ਹਨ?

ਖਸਰਾ (ਮੀਜ਼ਲਜ਼), ਕੰਨ ਪੇੜੇ (ਮੰਮਪਸ), ਰੁਬੈਲਾ (ਜਰਮਨ ਖਸਰਾ) ਅਤੇ ਵੈਰੀਸੇਲਾ ਵਾਇਰਸ ਕਰਕੇ ਹੋਣ ਵਾਲੀਆਂ ਬਿਮਾਰੀਆਂ ਹਨ। ਇਹ ਵਾਇਰਸ ਵਿਗਾੜਗ੍ਰਸਤ ਵਿਅਕਤੀ ਦੇ ਖੰਘਣ ਜਾਂ ਛਿੱਕਣ ਦੇ ਨਾਲ ਹਵਾ ਦੇ ਰਾਹੀਂ ਅਸਾਨੀ ਦੇ ਨਾਲ ਫੈਲਦੇ ਹਨ। ਤੁਸੀਂ ਵਿਗਾੜਗ੍ਰਸਤ ਹੋ ਸਕਦੇ ਹੋ ਜਦੋਂ ਤੁਸੀਂ ਵਾਇਰਸ ਨਾਲ ਦੂਸ਼ਿਤ ਹਵਾ ਨੂੰ ਸਾਹ ਰਾਹੀਂ ਅੰਦਰ ਲੈਂਦੇ ਹੋ ਜਾਂ ਕਿਸੇ ਤਲ ਨੂੰ ਸਪਰਸ਼ ਕਰਦੇ ਹੋ।ਵਾਇਰਸ ਵਿਗਾੜਗ੍ਰਸਤ ਵਿਅਕਤੀ ਦੀ ਥੁੱਕ ਦੇ ਨਾਲ ਸੰਪਰਕ ਵਿੱਚ ਆਉਣ ਰਾਹੀਂ ਫੈਲ ਸਕਦੇ ਹਨ ਜਿਵੇਂ ਕਿ ਭੋਜਨ, ਪੇਯ ਪਦਾਰਥ ਜਾਂ ਸਿਗਰੇਟ ਸਾਂਝੇ ਕਰਨ ਨਾਲ ਜਾਂ ਚੁੰਮਣ ਨਾਲ। ਵੈਰੀਸੇਲਾ ਚਿਕਨਪੌਕਸ ਜਾਂ ਸ਼ਿੰਗਲਜ਼ ਦੇ ਛਾਲੇ ਤੋਂ ਤਰਲ ਦੇ ਸੰਪਰਕ ਦੁਆਰਾ ਵੀ ਫੈਲ ਸਕਦਾ ਹੈ।

**ਖਸਰਾ (ਮੀਜ਼ਲਜ਼)**, ਜਿਨਾਂ ਨੂੰ ਰੇਡ ਮੀਜ਼ਲਜ਼ ਵੀ ਕਿਹਾ ਜਾਂਦਾ ਹੈ, ਕਰਕੇ ਬੁਖਾਰ, ਛਪਾਕੀ, ਜ਼ੁਕਾਮ ਵਰਗੇ ਲੱਛਣ ਅਤੇ ਲਾਲ, ਜਲਣ ਵਾਲੀਆਂ ਅੱਖਾਂ ਜੋ ਰੋਸ਼ਨੀ ਪ੍ਰਤੀ ਸੰਵੇਦਨਸ਼ੀਲ ਹੋ ਸਕਦੀਆਂ ਹਨ। ਇਸ ਕਰਕੇ ਕੰਨਾਂ ਜਾਂ ਫੇਫੜਿਆਂ (ਨਿਮੋਨਿਯਾ) ਦੇ ਵਿਗਾੜ ਹੋ ਸਕਦੇ ਹਨ। ਜਿਆਦਾ ਗੰਭੀਰ ਜਟਿਲਤਾਵਾਂ, 1,000 ਵਿੱਚੋਂ 1 ਵਿਅਕਤੀ ਵਿੱਚ ਵਾਪਰਨ ਵਾਲੀਆਂ, ਵਿੱਚ ਏਨਸਿਫਾਲਾਇਟਸ, ਦਿਮਾਗ ਦੀ ਸੋਜ ਸ਼ਾਮਲ ਹਨ। ਇਸ ਕਰਕੇ ਦੌਰੇ, ਬੋਲਾਪਨ ਜਾਂ ਦਿਮਾਗ ਦਾ ਸਥਾਈ ਨੁਕਸਾਨ ਹੋ ਸਕਦਾ ਹੈ। ਮੀਜ਼ਲਜ਼ ਵਾਲੇ 3,000 ਲੋਕਾਂ ਵਿੱਚੋਂ ਲਗਭਗ ਇੱਕ ਦੀ ਜਟਿਲਤਾਵਾਂ ਕਰਕੇ ਮੌਤ ਹੋ ਸਕਦੀ ਹੈ।

**ਕੰਨ ਪੇੜਿਆਂ (ਮੰਮਪਸ)** ਕਰਕੇ ਬੁਖਾਰ, ਸਿਰਦਰਦ, ਅਤੇ ਥੁੱਕ ਸੰਬੰਧੀ ਗ੍ਰੰਥੀਆਂ ਅਤੇ ਗੱਲ੍ਹਾਂ ਵਿੱਚ ਸੋਜ ਹੁੰਦੀ ਹੈ।ਜਿਆਦਾ ਗੰਭੀਰ ਜਟਿਲਤਾਵਾਂ ਵਿੱਚ ਏਨਸਿਫਾਲਾਇਟਸ ਸ਼ਾਮਲ ਹੈ।ਕੰਨ ਪੇੜਿਆਂ ਵਾਲੇ 20 ਲੋਕਾਂ ਵਿੱਚੋਂ ਲਗਭਗ 1 ਨੂੰ ਕੰਨ ਪੇੜਿਆਂ ਵਾਲਾ ਮੇਨਿੰਨਜਾਈਟਸ, ਦਿਮਾਗ ਦੀ ਝਿੱਲੀ ਦੀ ਸੋਜ ਦਾ ਵਿਗਾੜ ਹੋਏਗਾ। ਕੰਨ ਪੇੜਿਆਂ ਕਰਕੇ ਅਸਥਾਈ ਬੋਲਾਪਣ ਵੀ ਹੋ ਸਕਦਾ ਹੈ।ਸਥਾਈ ਬੋਲਾਪਣ ਕੰਨ ਪੇੜਿਆਂ ਵਾਲੇ 20,000 ਲੋਕਾਂ ਵਿੱਚੋਂ 1 ਤੋਂ ਘੱਟ ਵਿੱਚ ਵਾਪਰਦਾ ਹੈ। ਕੰਨ ਪੇੜੇ ਵਾਲੇ ਬਾਲਗ਼ਾਂ ਅਤੇ ਕਿਸ਼ੋਰਾਂ ਵਿੱਚ ਆਂਡਾਂ (4 ਵਿੱਚੋਂ 1 ਕੇਸ) ਜਾਂ ਅੰਡਾਸ਼ਯ (20 ਵਿੱਚੋਂ 1 ਕੇਸਾਂ ਵਿੱਚ) ਦੀ ਦਰਦਨਾਕ ਸੋਜ ਹੋ ਸਕਦੀ ਹੈ।

**ਰੁਬੈਲਾ,** ਜਿਸ ਨੂੰ ਜਰਮਨ ਖਸਰੇ ਦੀ ਤਰ੍ਹਾਂ ਵੀ ਜਾਣਿਆ ਜਾਂਦਾ ਹੈ, ਅਣਜੰਮੇ ਬੱਚੇ ਦੇ ਵਿੱਚ ਬੋਲੇਪਣ, ਅੱਖਾਂ ਦੀਆਂ ਸਮੱਸਿਆਵਾਂ, ਦਿਲ ਦੇ ਨੁਕਸ, ਜਿਗਰ ਦੇ ਨੁਕਸਾਨ ਅਤੇ ਦਿਮਾਗ ਦੇ ਨੁਕਸਾਨ, ਸਮੇਤ ਕਈ ਗੰਭੀਰ ਜਟਿਲਤਾਵਾਂ ਅਤੇ ਜਨਮ ਸੰਬੰਧੀ ਨੁਕਸਾਂ ਦਾ ਕਾਰਨ ਬਣ ਸਕਦਾ ਹੈ। ਇਸ ਨੂੰ ਕੰਨਜੈਨੀਟਲ ਰੁਬੈਲਾ ਸਿੰਨਡਰੋਮ (ਛੋਨਗੲਨਟਿੳਲ ਬੲਲਲੳ ਸ਼ੇਨਦਰੋਮੲ) ਕਿਹਾ ਜਾਂਦਾ ਹੈ। ਇਹ ਉਨ੍ਹਾਂ ਔਰਤਾਂ ਦੇ ਪੈਦਾ ਹੋਣ ਵਾਲੇ 10 ਬੱਚਿਆਂ ਵਿੱਚੋਂ ਲਗਭਗ 9 ਬੱਚਿਆਂ ਵਿੱਚ ਹੁੰਦਾ ਹੈ ਜੋ ਆਪਣੇ ਗਰਭ ਦੇ ਪਹਿਲੇ 3 ਮਹੀਨਿਆਂ ਵਿੱਚ ਇਸ ਵਾਇਰਸ ਦੇ ਨਾਲ ਗ੍ਰਸਤ ਹੋ ਗਈਆਂ ਸਨ। ਰੁਬੈਲਾ ਕਰਕੇ ਗਰਭਪਾਤ ਹੋ ਸਕਦਾ ਹੈ ਜਾਂ ਮਰੇ ਹੋਏ ਬੱਚੇ ਵੀ ਪੈਦਾ ਹੋ ਸਕਦੇ ਹਨ।

**ਵੈਰੀਸੈਲਾ (ਚਿਕਨਪੌਕਸ**) ਵੈਰੀਸੈਲਾ-ਜ਼ੋਸਟਰ ਵਾਇਰਸ ਕਾਰਨ ਹੋਣ ਵਾਲੀ ਇੱਕ ਲਾਗ ਹੈ। ਚਿਕਨਪੌਕਸ ਵਾਲੇ ਬੱਚਿਆਂ ਨੂੰ ਔਸਤਨ 350 ਲਾਲ, ਖਾਰਸ਼ ਵਾਲੇ ਛਾਲੇ ਹੋ ਸਕਦੇ ਹਨ। ਨਵਜੰਮੇ ਬੱਚਿਆਂ, ਕਿਸ਼ੋਰਾਂ, ਬਾਲਗਾਂ, ਗਰਭਵਤੀ ਔਰਤਾਂ ਅਤੇ ਕਮਜ਼ੋਰ ਇਮਿਊਨ ਸਿਸਟਮ ਵਾਲੇ ਲੋਕਾਂ ਵਿੱਚ ਲਾਗ ਵਧੇਰੇ ਗੰਭੀਰ ਹੁੰਦੀ ਹੈ।

ਚਿਕਨਪੌਕਸ ਤੋਂ ਹੋਣ ਵਾਲੀਆਂ ਪੇਚੀਦਗੀਆਂ ਵਿੱਚ ਨਮੂਨੀਆ, ਇਨਸੇਫਲਾਈਟਿਸ ਅਤੇ ਚਮੜੀ ਦੇ ਬੈਕਟੀਰੀਆ ਦੀ ਲਾਗ ਸ਼ਾਮਲ ਹਨ। ਇਨਸੇਫਲਾਈਟਿਸ ਕਾਰਨ ਦੌਰੇ, ਬੋਲਾਪਣ ਜਾਂ ਦਿਮਾਗ ਨੂੰ ਨੁਕਸਾਨ ਹੋ ਸਕਦਾ ਹੈ। ਲਗਭਗ 3,000 ਬਾਲਗਾਂ ਵਿੱਚੋਂ 1 ਦੀ ਲਾਗ ਨਾਲ ਮੌਤ ਹੋ ਜਾਵੇਗੀ।

ਕਦੇ-ਕਦਾਈਂ, ਗਰਭ ਅਵਸਥਾ ਦੇ ਸ਼ੁਰੂ ਵਿੱਚ ਸੰਕਰਮਣ ਦੇ ਨਤੀਜੇ ਵਜੋਂ ਬੱਚੇ ਦਾ ਜਨਮ ਨੁਕਸ ਨਾਲ ਹੋ ਸਕਦਾ ਹੈ। ਇਸ ਨੂੰ ਕੰਜੈਨੀਟਲ ਵੈਰੀਸੈਲਾ ਸਿੰਡਰੋਮ (ਛੜਸ਼) ਵਜੋਂ ਜਾਣਿਆ ਜਾਂਦਾ ਹੈ। ਬੱਚਿਆਂ ਦਾ ਜਨਮ ਸਮੇਂ ਘੱਟ ਵਜ਼ਨ, ਦਾਗ ਅਤੇ ਉਨ੍ਹਾਂ ਦੇ ਅੰਗਾਂ, ਅੱਖਾਂ ਅਤੇ ਦਿਮਾਗ ਨਾਲ ਸਮੱਸਿਆਵਾਂ ਹੋ ਸਕਦੀਆਂ ਹਨ। ਚਿਕਨਪੌਕਸ ਗਰਭਪਾਤ ਜਾਂ ਮਰੇ ਹੋਏ ਬੱਚੇ ਦੇ ਜਨਮ ਦਾ ਕਾਰਨ ਵੀ ਬਣ ਸਕਦਾ ਹੈ।

ਇਹ ਬੀਮਾਰੀਆਂ ਬਚਪਨ ਦੇ ਨੇਮਕ ਟੀਕਾਕਰਣ ਪ੍ਰੋਗਰਾਮਾਂ ਕਰਕੇ ਹੁਣ ਬੀ.ਸੀ. ਵਿੱਚ ਵਿਰਲੀਆਂ ਹਨ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

## ਹੋਰ ਜਾਣਕਾਰੀ ਲਈ

ਮੀਜ਼ਲਜ਼, ਮੰਮਪਸ, ਰੁਬੈਲਾ ਅਤੇ ਵੈਰੀਸੈਲਾ ਬਾਰੇ ਹੋਰ ਜਾਣਕਾਰੀ ਲਈ, ਹੇਠਾਂ ਦਿੱਤੀਆਂ ਹੈਲਥਲਿੰਕਬੀਸੀ ਫਾਇਲਾਂ ਦੇਖੋ:

- HealthLinkBC File #14a ਮੀਜ਼ਲਜ਼,ਮੰਮਪਸ,ਰੁਬੈਲਾ (ਐਮ ਐਮ ਆਰ) ਵੈਕਸੀਨ
- HealthLinkBC File #14b ਖਸਰਾ
- HealthLinkBC File #14c ਕੰਨ ਪੇੜੇ
- HealthLinkBC File #14d ਰੁਬੈਲਾ
- HealthLinkBC File #44a ਛੋਟੀ ਮਾਤਾ ਸਬੰਧੀ ਤੱਥ
- HealthLinkBC File #44b ਚਿਕਨਪੌਕਸ (ਵੈਰੀਸੈਲਾ) ਵੈਕਸੀਨ

ਇਮਿਊਨਾਈਜ਼ੇਸ਼ਨ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਇਮਿਊਨਾਈਜ਼ ਬੀ.ਸੀ. ਦੀ ਇਹ ਵੈੱਬਸਾਈਟ https://immunizebc.ca/ ਦੇਖੋ।

BRITISH COLUMBIA | ImmunizeBC

BC Centre for Disease Control
Provincial Health Services Authority